ਦਫ਼ਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹਾ ਪੁਲੀਸ ਮੁਖੀ ਦੀ ਅਗਵਾਈ ’ਚ 'ਮੈਂ ਵੀ ਹਰਜੀਤ ਸਿੰਘ, ਮੈਂ ਵੀ ਪੰਜਾਬ ਪੁਲਿਸ' ਮੁਹਿੰਮ ਸ਼ੁਰੂ

ਪੁਲੀਸ ਦੇ ਅਧਿਕਾਰੀਆਂ ਤੇ ਮੁਲਾਜ਼ਮਾਂ ਨੇ ਪਟਿਆਲਾ ਵਿਖੇ ਜ਼ਖ਼ਮੀ ਹੋਏ ਐਸ.ਆਈ. ਹਰਜੀਤ ਸਿੰਘ ਦੇ ਨਾਂ ਦੀਆਂ ਨੇਮ ਪਲੇਟਾਂ

ਫ਼ਤਹਿਗੜ੍ਹ ਸਾਹਿਬ, 27 ਅਪ੍ਰੈਲ :

ਕੋਵਿਡ-19 ਵਿਰੁੱਧ ਲੜੀ ਜਾ ਰਹੀ ਜੰਗ ਵਿੱਚ ਫਰੰਟ ਲਾਈਨ ਯੋਧਿਆਂ ’ਤੇ ਕਿਸੇ ਵੀ ਹਮਲੇ ਸਬੰਧੀ ਇੱਕ ਜੁਟਤਾ ਵਿਖਾਉਂਦੇ ਹੋਏ ਜ਼ਿਲ੍ਹਾ ਪੁਲਿਸ ਮੁਖੀ ਸ਼੍ਰੀਮਤੀ ਅਮਨੀਤ ਕੌਂਡਲ ਦੀ ਅਗਵਾਈ ਹੇਠ "ਮੈਂ ਵੀ ਹਰਜੀਤ ਸਿੰਘ ਤੇ ਮੈਂ ਵੀ ਪੰਜਾਬ ਪੁਲਿਸ" ਦੇ ਨਾਅਰੇ ਹੇਠ ਵਿਸ਼ੇਸ਼ ਮੁਹਿੰਮ ਚਲਾਈ ਗਈ ਜਿਸ ਵਿੱਚ ਸਾਰੇ ਪੁਲਿਸ ਅਧਿਕਾਰੀਆਂ ਤੇ ਮੁਲਾਜ਼ਮਾਂ ਨੇ ਡਿਊਟੀ ਦੌਰਾਨ ਪਟਿਆਲਾ ਵਿਖੇ ਜ਼ਖ਼ਮੀ ਹੋਏ ਐੱਸ. ਆਈ. ਹਰਜੀਤ ਸਿੰਘ ਦੇ ਨਾਂ ਦੀਆਂ ਨੇਮ ਪਲੇਟਾਂ ਲਗਾਈਆਂ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ੍ਰੀਮਤੀ ਕੌਂਡਲ ਨੇ ਦੱਸਿਆ ਕਿ ਬੀਤੇ ਦਿਨੀਂ ਪਟਿਆਲਾ ਦੀ ਸਬਜ਼ੀ ਮੰਡੀ ਵਿੱਚ ਏ.ਐਸ.ਆਈ. ਹਰਜੀਤ ਸਿੰਘ ਨੇ ਜਿਸ ਬਹਾਦਰੀ ਨਾਲ ਮੁਕਾਬਲਾ ਕਰਦਿਆਂ ਮਿਸਾਲ ਕਾਇਮ ਕੀਤੀ ਹੈ, ਉਸ ਸਬੰਧੀ ਪੂਰਾ ਪੁਲਿਸ ਵਿਭਾਗ ਉਸ ਦੇ ਨਾਲ ਖੜਾ ਹੈ।

ਸ਼੍ਰੀਮਤੀ ਕੌਂਡਲ ਨੇ ਕਿਹਾ ਕਿ ਜਿਸ ਤਰ੍ਹਾਂ ਪੁਲਿਸ ਅਧਿਕਾਰੀਆਂ ਤੇ ਮੁਲਾਜ਼ਮਾਂ ਨੇ ਅੱਜ "ਮੈਂ ਵੀ ਹਰਜੀਤ ਸਿੰਘ ਤੇ ਮੈਂ ਵੀ ਪੰਜਾਬ ਪੁਲਿਸ" ਨਾ ਦੀਆਂ ਪੱਟੀਆਂ ਵੀ ਲਗਾਈਆਂ ਹਨ। ਉਨ੍ਹਾਂ ਕਿਹਾ ਕਿ ਕੋਵਿਡ -19 ਵਿਰੁੱਧ ਪੁਲਿਸ ਮੁਲਾਜਮਾਂ ਤੇ ਡਾਕਟਰ ਜਿਸ ਤਰ੍ਹਾਂ ਆਪਣੀ ਜਾਨ ਜੋਖਿਮ ਵਿੱਚ ਪਾ ਕੇ ਲੜਈ ਲੜ ਰਹੇ ਹਨ ਉਨ੍ਹਾਂ ਦੀ ਹੌਂਸਲਾ ਅਫਜਾਈ ਕਰਨ ਲਈ ਪੁਲਿਸ ਵੱਲੋਂ ਇਹ ਮੁਹਿੰਮ ਚਲਾਈ ਗਈ ਹੈ। ਉਨ੍ਹਾਂ ਇਹ ਵੀ ਕਿਹਾ ਕਿ ਆਮ ਲੋਕ ਵੀ ਆਪਣੀਆਂ ਫੋਟੋਆਂ ’ਤੇ # ਮੈਂ ਵੀ ਹਰਜੀਤ ਸਿੰਘ ਤੇ # ਮੈਂ ਵੀ ਪੰਜਾਬ ਪੁਲਿਸ ਲਗਾ ਕੇ ਪੁਲਿਸ ਨੂੰ ਸਹਿਯੋਗ ਦੇ ਸਕਦੇ ਹਨ। ਤਾਂ ਜੋ ਇਸ ਖਤਰਨਾਕ ਮਹਾਂਮਾਰੀ ਨੂੰ ਫੈਲਣ ਤੋਂ ਰੋਕਣ ਲਈ ਡਿਊਟੀ ਨਿਭਾ ਰਹੇ ਪੁਲਿਸ ਜਵਾਨਾਂ ਤੇ ਡਾਕਟਰਾਂ ਦੀ ਹੌਂਸਲਾ ਅਫਜ਼ਾਈ ਕੀਤੀ ਜਾ ਸਕੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਪੰਜਾਬ ਸਰਕਾਰ ਕੋਰੋਨਾ ਵਾਇਰਸ ਦੇ ਖਾਤਮੇ ਲਈ ਸਰਕਾਰ ਦਿਨ ਰਾਤ ਇੱਕ ਕਰ ਕੇ ਕਰ ਰਹੀ ਹੈ ਕੰਮ : ਨਾਗਰਾ

ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ ਨੇ ਨਗਰ ਕੌਂਸਲ ਸਰਹਿੰਦ-ਫ਼ਤਹਿਗੜ੍ਹ ਸਾਹਿਬ ਨੂੰ ਸਪਰੇਅ ਪੰਪ ਅਤੇ ਫੌਗਿੰਗ ਮਸ਼ੀਨਾਂ ਸੌਂਪੀਆਂ

ਫ਼ਤਹਿਗੜ੍ਹ ਸਾਹਿਬ, 27 ਅਪ੍ਰੈਲ :

ਪੰਜਾਬ ਸਰਕਾਰ  ਕੋਰੋਨਾ ਵਾਇਰਸ ਦੇ ਖਾਤਮੇ ਲਈ ਵੱਡੇ ਪੱਧਰ ’ਤੇ ਉਪਰਾਲੇ ਕਰ ਰਹੀ ਹੈ ਅਤੇ ਸਰਕਾਰ ਨੇ ਇਸ ਮੁਸ਼ਕਲ ਦੀ ਘੜੀ ਵਿੱਚ ਨਾਗਰਿਕਾਂ ਨੂੰ ਜ਼ਰੂਰਤ ਦਾ ਹਰ ਸਮਾਨ ਘਰਾਂ ਤੱਕ ਪਹੁੰਚਾਉਣਾ ਯਕੀਨੀ ਬਣਾਇਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ ਨੇ ਨਗਰ ਕੌਂਸਲ ਸਰਹਿੰਦ-ਫ਼ਤਹਿਗੜ੍ਹ ਸਾਹਿਬ ਨੂੰ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਲਏ ਗਏ ਡਿਸਇਨਫੈਕਟਰ ਦਾ ਸਪਰੇਅ ਕਰਨ ਵਾਲੇ ਦੋ ਵੱਡੇ ਪੰਪ ਅਤੇ ਫੌਗਿੰਗ ਕਰਨ ਲਈ ਦੋ ਮਸ਼ੀਨਾਂ ਦੇਣ ਮੌਕੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਪੰਪਾਂ ਨਾਲ ਸ਼ਹਿਰਾਂ ਨੂੰ ਚੰਗੀ ਤਰ੍ਹਾਂ ਸੈਨੀਟਾਈਜ਼ ਕੀਤਾ ਜਾ ਸਕੇਗਾ ਅਤੇ ਮੱਛਰਾਂ ਨਾਲ ਹੋਣ ਵਾਲੀਆਂ ਬਿਮਾਰੀਆਂ ਨੂੰ ਠੱਲ ਪਾਉਣ ਲਈ ਫੌਗਿੰਗ ਵੀ ਕੀਤੀ ਜਾ ਸਕੇਗੀ ਤਾਂ ਜੋ ਸ਼ਹਿਰ ਦੇ ਲੋਕ ਕਿਸੇ ਵੀ ਤਰ੍ਹਾਂ ਦੀ ਬਿਮਾਰੀ ਤੋਂ ਬਚੇ ਰਹਿਣ।

ਵਿਧਾਇਕ ਨਾਗਰਾ ਨੇ ਕਿਹਾ ਕਿ ਕੋਵਿਡ-19 ਕਾਰਨ ਪੈਦਾ ਹੋਈ ਸਥਿਤੀ ਦੇ ਮੱਦੇ ਨਜ਼ਰ ਅਚਨਚੇਤ ਏਨੀ ਵੱਡੀ ਪੱਧਰ ’ਤੇ ਇੰਤਜਾਮ ਕਰਨੇ ਭਾਵੇਂ ਅਸਾਨ ਨਹੀਂ ਸਨ ਪ੍ਰੰਤੂ ਪੰਜਾਬ ਸਰਕਾਰ ਨੇ ਆਪਣੀ ਦੂਰ ਅੰਦੇਸ਼ੀ ਸੋਚ ਸਦਕਾ ਫੌਰੀ ਤੌਰ ’ਤੇ ਇਹ ਇੰਤਜਾਮ ਕਰਕੇ ਲੋਕਾਂ ਦੇ ਘਰਾਂ ਤੱਕ ਖਾਣ ਪੀਣ ਦੀਆਂ ਵਸਤਾਂ ਮੁਹੱਈਆ ਕਰਵਾਈਆਂ।ਉਨ੍ਹਾਂ ਕਿਹਾ ਕਿ ਲੋਕਾਂ ਦੀ ਸਹੂਲਤ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਕੀਤੇ ਉਪਰਾਲੇ ਵੀ ਸ਼ਲਾਘਾਯੋਗ ਹਨ।

ਇਸ ਮੌਕੇ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ, ਵਧੀਕ ਡਿਪਟੀ ਕਮਿਸ਼ਨਰ ਸ. ਜਸਪ੍ਰੀਤ ਸਿੰਘ, ਐਸ.ਡੀ.ਐਮ. ਫ਼ਤਹਿਗੜ੍ਹ ਸਾਹਿਬ ਡਾ. ਸੰਜੀਵ ਕੁਮਾਰ, ਸਹਾਇਕ ਕਮਿਸ਼ਨਰ ਜਨਰਲ  ਸ. ਜਸਪ੍ਰੀਤ ਸਿੰਘ,ਕਾਰਜ ਸਾਧਕ ਅਫਸਰ ਗੁਰਲਾਲ ਸਿਘ ਤੋਂ ਇਲਾਵਾ ਹੋਰ ਅਧਿਕਾਰੀ ਵੀ ਮੌਜੂਦ ਸਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਡਿਪਟੀ ਕਮਿਸ਼ਨਰ ਨੇ ਨਸ਼ਾ ਛੁਡਾਊ ਕੇਂਦਰ ਤੇ ਮੁੜ ਵਸੇਬਾ ਕੇਂਦਰ ਲਈ ਸਿਵਲ ਸਰਜਨ ਨੂੰ ਸੌਂਪੇ ਵਾਟਰ ਡਿਸਪੈਂਸਰ

ਫ਼ਤਹਿਗੜ੍ਹ ਸਾਹਿਬ, 27 ਅਪ੍ਰੈਲ :

ਐਸ.ਡੀ.ਐਮ. ਫ਼ਤਹਿਗੜ੍ਹ ਸਾਹਿਬ ਡਾ. ਸੰਜੀਵ ਕੁਮਾਰ ਦੇ ਯਤਨਾ ਸਦਕਾ ਸਮਾਜ ਸੇਵੀ ਸੰਸਥਾਵਾਂ ਵੱਲੋਂ ਫ਼ਤਹਿਗੜ੍ਹ ਸਾਹਿਬ ਦੇ ਨਸ਼ਾ ਛੁਡਾਊ ਕੇਂਦਰ ਤੇ ਮੁੜ ਵਸੇਬਾ ਕੇਂਦਰ, ਜਿਨ੍ਹਾਂ ਵਿੱਚ ਕੋਰੋਨਾ ਵਾਇਰਸ ਦੇ ਮੱਦੇਨਜ਼ਰ ਆਈਸੋਲੇਸ਼ਨ ਵਾਰਡ ਬਣਾਏ ਗਏ ਹਨ,
ਲਈ ਦੋ ਵਾਟਰ ਡਿਸਪੈਂਸਰ ਦਿੱਤੇ ਗਏ ਜੋ ਕਿ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਸਿਵਲ ਸਰਜਨ ਡਾ. ਐਨ.ਕੇ. ਅਗਰਵਾਲ ਨੂੰ ਸੌਂਪੇ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕੋਵਿਡ-19 ਵਿਰੁੱਧ ਲੜੀ ਜਾ ਰਹੀ ਜੰਗ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ ਡਾਕਟਰਾਂ ਨੂੰ ਸਾਰਾ ਲੋੜੀਂਦਾ ਸਮਾਨ ਮੁਹੱਈਆ ਕਰਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਹੋਰਨਾਂ ਸਮਾਜ ਸੇਵੀ ਸੰਸਥਾਵਾਂ ਨੂੰ ਵੀ ਅਜਿਹੇ ਕਾਰਜਾਂ ਲਈ ਅੱਗੇ ਆਉਣਾ ਚਾਹੀਦਾ ਹੈ ਤਾਂ ਜੋ ਕੋਰੋਨਾ ਵਾਇਰਸ ਵਿਰੁੱਧ ਲੜਾਈ ਜਿੱਤੀ ਜਾ ਸਕੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਕੋਰੋਨਾ ਕਾਰਨ ਵਿਦੇਸ਼ਾਂ ਵਿੱਚ ਫਸੇ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਨਾਲ ਸਬੰਧਤ ਵਿਅਕਤੀ ਆਪਣੀ ਸੂਚਨਾ ਜ਼ਿਲ੍ਹਾ ਪ੍ਰਸ਼ਾਸਨ ਨੂੰ ਦੇਣ

ਈ-ਮੇਲ helpdesk.fgs@gmail.com ’ਤੇ ਦਿੱਤੀ ਜਾ ਸਕਦੀ ਹੈ ਸੂਚਨਾ

ਫ਼ਤਹਿਗੜ੍ਹ ਸਾਹਿਬ, 27 ਅਪ੍ਰੈਲ :

ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਨਾਲ ਸਬੰਧਤ ਵਿਅਕਤੀ ਜੋ ਕੋਰੋਨਾ ਕਾਰਨ ਵਿਦੇਸ਼ਾਂ ਵਿੱਚ ਫਸੇ ਹਨ, ਉਹ ਆਪਣੇ ਬਾਰੇ ਸੂਚਨਾ ਹੈਲਪ ਡੈਸਕ ਦੀ ਈ-ਮੇਲ helpdesk.fgs@gmail.com ’ਤੇ ਦੇ ਸਕਦੇ ਹਨ।

ਵਿਦੇਸ਼ਾਂ ਵਿੱਚ ਫਸੇ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ ਨਾਗਰਿਕ ਆਪਣਾ ਨਾਂ ਅਤੇ ਆਪਣੇ ਪਿਤਾ ਦਾ ਨਾਂ, ਮੌਜੂਦਾ ਮੋਬਾਇਲ ਨੰਬਰ, ਵਿਦੇਸ਼ ਵਿੱਚ ਮੌਜੂਦਾ ਪਤਾ, ਪਾਸਪੋਰਟ ਨੰਬਰ, ਪਰਿਵਾਰ ਦੀ ਸਥਿਤੀ ਵਿੱਚ ਨਾਲ ਆਉਣ ਵਾਲੇ ਮੈਂਬਰਾਂ ਦੀ ਗਿਣਤੀ ਅਤੇ ਪੰਜਾਬ ਵਿੱਚ ਨੇੜਲੇ ਅੰਤਰ ਰਾਸ਼ਟਰੀ ਹਵਾਈ ਅੱਡੇ ਦਾ ਨਾਮ ਈ. ਮੇਲ ਕਰਨ।

ਇਸ ਤੋਂ ਇਲਾਵਾ ਵੈਬ ਲਿੰਕ https://form.gle/k4291THn6qNucNsF8 ’ਤੇ ਵੀ ਜਾਣਕਾਰੀ ਦਰਜ ਕੀਤੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਵਧੇਰੇ ਜਾਣਕਾਰੀ ਲਈ ਹੈਲਪ ਲਾਈਨ ਨੰਬਰ 01763-232217 ’ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫ਼ਤਹਿਗੜ੍ਹ ਸਾਹਿਬ

ਪੰਜਾਬ ਸਰਕਾਰ ਦੇ ਉਪਰਾਲੇ ਸਦਕਾ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦਾ ਵਿਦਿਆਰਥੀ ਕੋਟਾ (ਰਾਜਸਥਾਨ) ਤੋਂ ਪਰਤਿਆ

ਸਿਵਲ ਹਸਪਤਾਲ ਵਿਖੇ ਕਰਵਾਇਆ ਵਿਦਿਆਰਥੀ ਦਾ ਮੈਡੀਕਲ ਚੈਕਅੱਪ

ਵਿਦਿਆਰਥੀ 14 ਦਿਨ ਲਈ ਘਰ ਵਿੱਚ ਇਕਾਂਤਵਾਸ

ਵਿਦਿਆਰਥੀਆਂ ਵੱਲੋਂ ਪੰਜਾਬ ਸਰਕਾਰ ਦਾ ਧੰਨਵਾਦ

ਫ਼ਤਹਿਗੜ੍ਹ ਸਾਹਿਬ/ਮੰਡੀ ਗੋਬਿੰਦਗੜ੍ਹ, 27 ਅਪ੍ਰੈਲ

ਕੋਰੋਨਾ ਵਾਇਰਸ (ਕੋਵਿਡ-19) ਦੇ ਮੱਦੇਨਜ਼ਰ ਦੇਸ਼ ਭਰ ਵਿੱਚ ਲਗਾਏ ਗਏ ਕਰਫਿਊ/ਲਾਕਡਾਊਨ ਦੇ ਚੱਲਦਿਆਂ ਸੂਬੇ ਦੇ ਕੁਝ ਵਿਦਿਆਰਥੀ ਕੋਟਾ (ਰਾਜਸਥਾਨ) ਵਿਖੇ ਫਸੇ ਹੋਏ ਸਨ, ਜਿਨ੍ਹਾਂ ਨੂੰ ਪੰਜਾਬ ਸਰਕਾਰ ਦੇ ਉਪਰਾਲਿਆਂ ਸਦਕਾ ਵਾਪਸ ਲਿਆਂਦਾ ਗਿਆ ਹੈ, ਜਿਨ੍ਹਾਂ ਵਿੱਚ 01 ਵਿਦਿਆਰਥੀ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਨਾਲ ਸਬੰਧਤ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਇਨ੍ਹਾਂ ਵਿਦਿਆਰਥੀਆਂ ਵਿੱਚੋਂ 01 ਵਿਦਿਆਰਥੀ ਮੰਡੀ ਗੋਬਿੰਦਗੜ੍ਹ ਦਾ ਰਹਿਣ ਵਾਲਾ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅੱਜ ਇਸ ਵਿਦਿਆਰਥੀਆਂ ਨੂੰ ਸਹਾਇਕ ਕਮਿਸ਼ਨਰ (ਜ) ਸ਼੍ਰੀ ਜਸਪ੍ਰੀਤ ਸਿੰਘ ਦੀ ਅਗਵਾਈ ਵਿੱਚ ਰਿਸੀਵ ਕੀਤਾ ਗਿਆ ਤੇ ਬੱਸ ਰਾਹੀਂ ਸਿੱਧਾ ਸਿਵਲ ਹਸਪਤਾਲ ਲਿਆਂਦਾ ਗਿਆ, ਜਿੱਥੇ ਡਾਕਟਰਾਂ ਵੱਲੋਂ ਉਸ ਦਾ ਚੈਕਅੱਪ ਕੀਤਾ ਗਿਆ ਤੇ ਸੈਂਪਲ ਲਿਆ ਗਿਆ। ਇਸ ਉਪਰੰਤ ਉਸ ਨੂੰ ਘਰ ਭੇਜਿਆ ਗਿਆ ਤੇ ਇਹ ਵਿਦਿਆਰਥੀ 14 ਦਿਨ ਲਈ ਘਰ ਵਿੱਚ ਇਕਾਂਤਵਾਸ ਰਹੇਗਾ।

ਰਾਜਸਥਾਨ ਤੋਂ ਪਰਤੇ ਵਿਦਿਆਰਥੀ ਤਰੁਨ ਤਿਵਾੜੀ ਨੇ ਕਿਹਾ ਕਿ ਉਹ ਕੋਟਾ ਵਿੱਚ ਪੜ੍ਹਾਈ ਕਰ ਰਿਹਾ ਸੀ ਪਰ ਲੌਕਡਾਊਨ ਹੋਣ ਕਰ ਕੇ ਉਥੇ ਫਸ ਗਿਆ ਸੀ। ਉਸ ਨੇ ਕਿਹਾ ਕਿ ਉਹ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਬਹੁਤ ਧੰਨਵਾਦੀ ਹੈ।